# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13-10**

**ਮਿਤੀ : 24-06-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਭਾਰਤ ਦੇ ਦੋ ਮਹਾਨ ਅਧਿਆਤਮਿਕ ਅਤੇ ਨੈਤਿਕ ਨੇਤਾਵਾਂ ਸ੍ਰੀ ਨਾਰਾਇਣ ਗੁਰੂ ਅਤੇ ਮਹਾਤਮਾ ਗਾਂਧੀ ਵਿਚਕਾਰ ਇਤਿਹਾਸਕ ਗੱਲਬਾਤ ਦੇ ਸ਼ਤਾਬਦੀ ਸਮਾਗਮ ਵਿਚ ਸ਼ਾਮਿਲ ਹੋਏ । ਨਵੀਂ ਦਿੱਲੀ ਵਿੱਚ ਕਰਵਾਏ ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਅੱਜ ਵੀ, 100 ਸਾਲ ਪਹਿਲਾਂ ਹੋਈ ਇਹ ਮੁਲਾਕਾਤ, ਸਮਾਜਿਕ ਸਦਭਾਵਨਾ ਅਤੇ ਵਿਕਾਸ ਭਾਰਤ ਦੇ ਸਮੂਹਿਕ ਟੀਚੇ ਲਈ ਪ੍ਰੇਰਨਾ ਸਰੋਤ ਵਜੋਂ ਕੰਮ ਕਰਦੀ ਏ ।

**BYTE**:

ਇਤਿਹਾਸਕ ਗੱਲਬਾਤ 12 ਮਾਰਚ 1925 ਨੂੰ ਮਹਾਤਮਾ ਗਾਂਧੀ ਦੀ ਫੇਰੀ ਦੌਰਾਨ ਸ਼ਿਵਗਿਰੀ ਮੱਠ ਵਿਖੇ ਹੋਈ ਸੀ ਅਤੇ ਇਹ ਵੈਕੋਮ ਸੱਤਿਆਗ੍ਰਹਿ,

ਧਾਰਮਿਕ ਧਰਮ ਪਰਿਵਰਤਨ, ਅਹਿੰਸਾ, ਛੂਤ-ਛਾਤ ਦਾ ਖਾਤਮਾ, ਮੁਕਤੀ ਦੀ ਪ੍ਰਾਪਤੀ, ਦੱਬੇ-ਕੁਚਲੇ ਲੋਕਾਂ ਦੀ ਭਲਾਈ ਸਮੇਤ ਹੋਰ ਮੁੱਦਿਆਂ 'ਤੇ ਕੇਂਦਰਿਤ ਸੀ । ਇਸ ਜਸ਼ਨ ਨੇ ਅਧਿਆਤਮਿਕ ਆਗੂਆਂ ਅਤੇ ਹੋਰ ਮੈਂਬਰਾਂ ਨੂੰ ਭਾਰਤ ਦੇ ਸਮਾਜਿਕ ਅਤੇ ਨੈਤਿਕ ਤਾਣੇ-ਬਾਣੇ ਨੂੰ ਆਕਾਰ ਦੇਣ ਵਾਲੇ ਦੂਰਦਰਸ਼ੀ ਸੰਵਾਦ 'ਤੇ ਵਿਚਾਰ ਕਰਨ ਅਤੇ ਉਨ੍ਹਾਂ ਨੂੰ ਯਾਦ ਕਰਨ ਲਈ ਇਕੱਠਾ ਕੀਤਾ ਏ ।

---------------------------------------------------------

ਪੱਛਮੀ ਏਸ਼ੀਆ ਵਿੱਚ ਟਕਰਾਅ ਪ੍ਰਭਾਵਿਤ ਖੇਤਰਾਂ ਵਿੱਚ ਵਧਦੇ ਤਣਾਅ ਤੋਂ ਬਾਅਦ ਸ਼ੁਰੂ ਕੀਤੇ ਗਏ ਆਪ੍ਰੇਸ਼ਨ ਸਿੰਧੂ ਦੇ ਤਹਿਤ, ਹੁਣ ਤੱਕ 2 ਹਜ਼ਾਰ 295 ਭਾਰਤੀ ਨਾਗਰਿਕਾਂ ਨੂੰ ਈਰਾਨ ਤੋਂ ਦੇਸ਼ ਵਾਪਸ ਲਿਆਂਦਾ ਗਿਆ ਏ । ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ 292 ਭਾਰਤੀ ਨਾਗਰਿਕ ਅੱਜ ਸਵੇਰੇ ਈਰਾਨ ਦੇ ਮਸ਼ਹਦ ਤੋਂ ਇੱਕ ਵਿਸ਼ੇਸ਼ ਜਹਾਜ਼ ਰਾਹੀਂ ਨਵੀਂ ਦਿੱਲੀ ਪਹੁੰਚੇ।

ਭਾਰਤੀ ਹਵਾਈ ਫੌਜ ਨੇ ਕਿਹਾ ਏ ਕਿ ਉਹ ਲੋੜ ਸਮੇਂ, ਦੇਸ਼ ਅਤੇ ਦੁਨੀਆ ਭਰ ਵਿੱਚ ਸਹਾਇਤਾ ਪ੍ਰਦਾਨ ਕਰਨ ਲਈ ਪਹਿਲਾ ਕਦਮ

ਚੁੱਕਣ ਲਈ ਵਚਨਬੱਧ ਏ। ਹਵਾਈ ਫੌਜ ਨੇ ਭਾਰਤੀ ਨਾਗਰਿਕਾਂ ਅਤੇ ਮਿੱਤਰ ਦੇਸ਼ਾਂ ਦੇ ਨਾਗਰਿਕਾਂ ਨੂੰ ਕੱਢਣ ਲਈ ਜਾਰਡਨ ਅਤੇ ਮਿਸਰ ਤੋਂ ਵੀ ਮਿਸ਼ਨ ਸ਼ੁਰੂ ਕੀਤੇ ਨੇ। ਆਪ੍ਰੇਸ਼ਨ ਸਿੰਧੂ ਦੇ ਤਹਿਤ, ਹਵਾਈ ਫੌਜ ਦੇ ਸੀ-17 ਜਹਾਜ਼ ਨੇ ਇਜ਼ਰਾਈਲ ਤੋਂ 165 ਭਾਰਤੀ ਨਾਗਰਿਕਾਂ ਨੂੰ ਵਾਪਿਸ ਲਿਆਂਦਾ ਏ । ਇਹ ਜਹਾਜ਼ ਅੱਜ ਸਵੇਰੇ ਅੱਮਾਨ ਤੋਂ ਨਵੀਂ ਦਿੱਲੀ ਪਹੁੰਚਿਆ। ਰਾਸ਼ਟਰੀ ਰਾਜਧਾਨੀ ਪਹੁੰਚਣ 'ਤੇ, ਸੂਚਨਾ, ਪ੍ਰਸਾਰਣ ਅਤੇ ਸੰਸਦੀ ਮਾਮਲਿਆਂ ਦੇ ਰਾਜ ਮੰਤਰੀ ਡਾ. ਐਲ. ਮੁਰੂਗਨ ਨੇ ਇਨ੍ਹਾਂ ਲੋਕਾਂ ਦਾ ਸਵਾਗਤ ਕੀਤਾ। ਇਜ਼ਰਾਈਲ ਤੋਂ 161 ਭਾਰਤੀ ਨਾਗਰਿਕਾਂ ਦਾ ਇੱਕ ਹੋਰ ਸਮੂਹ ਵੀ ਅੱਜ ਨਵੀਂ ਦਿੱਲੀ ਪਹੁੰਚਿਆ। ਕੇਂਦਰ ਸਰਕਾਰ ਈਰਾਨ ਅਤੇ ਇਜ਼ਰਾਈਲ ਵਿੱਚ ਭਾਰਤੀ ਨਾਗਰਿਕਾਂ ਨਾਲ ਨਿਰੰਤਰ ਸੰਪਰਕ ਵਿੱਚ ਏ ਅਤੇ ਦੋਵਾਂ ਦੇਸ਼ਾਂ ਵਿੱਚ ਭਾਰਤੀ ਨਾਗਰਿਕਾਂ ਨੂੰ ਹਰ ਸੰਭਵ ਮਦਦ ਅਤੇ ਸਹਾਇਤਾ ਪ੍ਰਦਾਨ ਕਰਨ ਲਈ ਵਚਨਬੱਧ ਏ। ਭਾਰਤ ਸ਼੍ਰੀਲੰਕਾ ਵਰਗੇ ਦੋਸਤ ਦੇਸ਼ਾਂ ਨੂੰ ਉਨ੍ਹਾਂ ਦੇ ਨਾਗਰਿਕਾਂ ਨੂੰ ਕੱਢਣ ਵਿੱਚ ਵੀ ਸਹਾਇਤਾ ਕਰ ਰਿਹਾ ਏ।

---

ਪੰਜਾਬ ਸਰਕਾਰ ਨੇ ਤਰਨਤਾਰਨ ਜ਼ਿਲ੍ਹੇ ਵਿੱਚ ਬਣ ਰਹੇ ਡਾ. ਬੀ.ਆਰ. ਅੰਬੇਡਕਰ ਭਵਨ ਦੇ ਨਿਰਮਾਣ ਲਈ 5 ਕਰੋੜ 33 ਲੱਖ ਰੁਪਏ ਦੀ ਹੋਰ ਰਾਸ਼ੀ ਮੰਜ਼ੂਰ ਕੀਤੀ ਏ । ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸਰਕਾਰ ਵੱਲੋਂ ਚਾਲੂ ਵਿੱਤੀ ਸਾਲ ਦੌਰਾਨ ਮੰਜ਼ੂਰ ਕੀਤੀ ਇਹ ਰਾਸ਼ੀ ਜਲਦ ਹੀ ਲੋਕ ਨਿਰਮਾਣ ਵਿਭਾਗ ਵਿਚ ਮੁੱਖ ਇੰਜੀਨੀਅਰ ਦੇ ਖਾਤੇ ਵਿੱਚ ਟਰਾਂਸਫਰ ਕਰ ਦਿੱਤੀ ਜਾਵੇਗੀ, ਤਾਂ ਜੋ ਭਵਨ ਦੇ ਨਿਰਮਾਣ ਕਾਰਜ ਨੂੰ ਤੇਜੀ ਨਾਲ ਪੂਰਾ ਕਰਵਾਇਆ ਜਾ ਸਕੇ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਭਵਨ ਦੇ ਨਿਰਮਾਣ ਲਈ 5 ਕਰੋੜ 93 ਲੱਖ  ਰੁਪਏ ਦਾ ਐਸਟੀਮੇਟ ਪਾਸ ਹੋਇਆ ਸੀ, ਜਿਸ ਵਿੱਚੋਂ 60 ਲੱਖ ਰੁਪਏ ਪਹਿਲਾਂ ਹੀ ਅਲਾਟ ਕੀਤਾ ਜਾ ਚੁੱਕਾ ਏ । ਉਨ੍ਹਾਂ ਕਿਹਾ ਕਿ ਪੰਜਾਬ ਦੇ 17 ਜ਼ਿਲ੍ਹਿਆਂ ਵਿੱਚ ਡਾ. ਅੰਬੇਡਕਰ ਭਵਨ ਬਣ ਚੁੱਕੇ ਨੇ । 5 ਹੋਰ ਜ਼ਿਲ੍ਹਿਆਂ  ਐਸ.ਏ.ਐਸ.ਨਗਰ, ਬਰਨਾਲਾ, ਫਾਜ਼ਿਲਕਾ, ਪਠਾਨਕੋਟ ਅਤੇ ਮਲੇਰਕੋਟਲਾ ‘ਚ ਅੰਬੇਡਕਰ ਭਵਨ ਦੀਆਂ ਇਮਾਰਤਾਂ ਬਣਾਉਣ ਲਈ ਜਮੀਨ ਦੀ ਉਪਲਬਧਤਾ

ਸੰਬੰਧੀ ਕਾਰਵਾਈ ਜਾਰੀ ਏ ।ਕੈਬਨਿਟ ਮੰਤਰੀ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਨਿਰਮਾਣ ਉੱਚ ਗੁਣਵੱਤਾ, ਪੂਰੀ ਪਾਰਦਰਸ਼ਤਾ ਅਤੇ ਨਿਸ਼ਚਿਤ ਸਮੇਂ ਅੰਦਰ ਪੂਰਾ ਕੀਤਾ ਜਾਵੇ ।

---------------------------------------------------------------

ਇਨਫੋਰਸਮੈਂਟ ਵਿੰਗ ਨੇ ਹੁਸ਼ਿਆਰਪੁਰ ਵਿਚ ਨਾਜਾਇਜ਼ ਚੱਲ ਰਹੇ ਟਿਊਬਵੈੱਲ ਕੁਨੈਕਸ਼ਨ ਬਾਰੇ ਮਿਲੀ ਸ਼ਿਕਾਇਤ ’ਤੇ ਤੁਰੰਤ ਕਾਰਵਾਈ ਕਰਦਿਆਂ ਛਾਪੇਮਾਰੀ ਕੀਤੀ । ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਮੌਕੇ ’ਤੇ ਕਿਸਾਨ ਦੀ ਜ਼ਮੀਨ ਦੇ ਨੇੜੇ ਲੱਗੇ ਮਨਜ਼ੂਰਸ਼ੁਦਾ ਟਿਊਬਵੈੱਲ ਕੁਨੈਕਸ਼ਨ ਦੇ ਐਲ.ਟੀ. ਗਰਿੱਪਾਂ ਤੋਂ ਲਗਪਗ 85 ਮੀਟਰ ਲੰਬੀ ਕੇਬਲ ਮੋਟਰ ਤੱਕ ਲਿਆਂਦੀ ਪਾਈ ਗਈ। ਕਿਸਾਨ ਵਲੋਂ ਕੇਬਲ ਦੀ ਮਦਦ ਨਾਲ ਮੋਟਰ ਬਿਨਾਂ ਮਨਜ਼ੂਰੀ ਚਲਾਈ ਜਾਂਦੀ ਕਾਬੂ ਕੀਤੀ ਗਈ। ਮੌਕੇ ’ਤੇ ਹੀ ਕੁਨੈਕਸ਼ਨ ਕੱਟ ਦਿੱਤਾ ਗਿਆ । ਉਨ੍ਹਾਂ ਦੱਸਿਆ ਕਿ ਇਸ ਨਾਜਾਇਜ਼ ਟਿਊਬਵੈੱਲ ਕੁਨੈਕਸ਼ਨ ਲਈ ਬਿਜਲੀ ਚੋਰੀ ਵਜੋਂ ਬਜਵਾੜਾ ਵਾਸੀ ਚਰਨਜੀਤ ਕੌਰ ਨੂੰ 2 ਲਖ ਰੁਪਏ ਤੋਂ ਵੱਧ ਦਾ ਜੁਰਮਾਨਾ ਕੀਤਾ ਗਿਆ।

---------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਕਈ ਮੁੱਖ ਥਾਵਾਂ 'ਤੇ ਕਾਸੋ ਆਪ੍ਰੇਸ਼ਨ ਤਹਿਤ ਅਪਰਾਧਿਕ ਤੱਤਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਨੈੱਟਵਰਕਾਂ ਦੇ ਟਿਕਾਣਿਆਂ ਤੇ ਛਾਪੇਮਾਰੀ ਕੀਤੀ ਗਈ ।ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਕਿਹਾ ਕਿ ਇਹ ਆਪ੍ਰੇਸ਼ਨ ਰਣਨੀਤਕ ਤਾਲਮੇਲ ਨਾਲ ਕੀਤਾ ਗਿਆ ਸੀ। ਸ਼ੱਕੀ ਵਿਅਕਤੀਆਂ ਦੇ ਘਰਾਂ ਅਤੇ ਨਾਲ ਲੱਗਦੇ ਅਹਾਤਿਆਂ ਦੀ ਪੂਰੀ ਤਲਾਸ਼ੀ ਲਈ ਗਈ । ਨਸ਼ੀਲੇ ਪਦਾਰਥਾਂ ਦੀ ਤਲਾਸ਼ੀ ਵੱਲ ਵਿਸ਼ੇਸ਼ ਧਿਆਨ ਦਿੱਤਾ ਗਿਆ । ਕਿਸੇ ਵੀ ਚੱਲ ਰਹੀ ਗੈਰ-ਕਾਨੂੰਨੀ ਗਤੀਵਿਧੀ ਨੂੰ ਰੋਕਣ ਲਈ ਖਾਲੀ ਅਤੇ ਸੁਨਸਾਨ ਇਲਾਕਿਆਂ ਦਾ ਵੀ ਨਿਰੀਖਣ ਕੀਤਾ ਗਿਆ । ਪੁਲਿਸ ਕਮਿਸ਼ਨਰ ਨੇ ਜ਼ੋਰ ਦੇ ਕੇ ਕਿਹਾ ਕਿ ਜਲੰਧਰ ਨੂੰ ਇੱਕ ਸੁਰੱਖਿਅਤ ਅਤੇ ਨਸ਼ਾ ਮੁਕਤ ਸ਼ਹਿਰ ਬਣਾਉਣ ਲਈ ਨਿਰੰਤਰ ਯਤਨਾਂ ਦੇ ਹਿੱਸੇ ਵਜੋਂ ਭਵਿੱਖ ਵਿੱਚ ਵੀ ਅਜਿਹੇ ਕਾਰਜ ਜਾਰੀ ਰਹਿਣਗੇ।

---------------------------------------------------------

ਫਰੀਦਕੋਟ ਦੇ ਜਿਲ੍ਹਾ ਮੈਜਿਸਟ੍ਰੇਟ ਪੂਨਮਦੀਪ ਕੌਰ ਨੇ ਜਿਲੇ ਵਿੱਚ ਖੂਹ

,ਬੋਰਵੈਲ,ਟਿਊਬਵੈੱਲ ਦੀ ਖੁਦਾਈ ਤੇ  ਮੁਰੰਮਤ ਸਬੰਧੀ ਨਿਰਦੇਸ਼ ਜਾਰੀ ਕੀਤੇ ਨੇ । ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਤਹਿਤ ਜਾਰੀ ਹੁਕਮਾਂ ਵਿਚ ਕਿਹਾ ਗਿਆ ਏ ਕਿ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਕੱਚੀਆਂ ਖੂਹੀਆਂ ਅਤੇ ਬੋਰਵੈਲ, ਟਿਊਬਵੈੱਲ ਪੁੱਟਣ ਕਾਰਨ ਲੋਕਾਂ ਅਤੇ ਬੱਚਿਆਂ ਦੇ ਇਨਾਂ ‘ਚ ਡਿਗ ਜਾਣ ਨਾਲ ਹੁੰਦੇ ਜਾਨੀ ਤੇ ਮਾਲੀ ਨੁਕਸਾਨ ਤੋਂ ਬਚਣ ਅਤੇ ਆਮ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਸਰਬਉੱਚ ਅਦਾਲਤ ਦੇ ਹੁਕਮਾਂ ਤਹਿਤ ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕੀਤੀ ਏ । ਹੁਕਮਾਂ ਦੇ ਅਨੁਸਾਰ ਜਿਲ੍ਹਾ ਫਰੀਦਕੋਟ ਦੀ ਹੱਦ ਅੰਦਰ ਜਮੀਨ ਮਾਲਕ ਖੂਹ, ਬੋਰ ਪੁੱਟਣ ਤੋਂ ਪਹਿਲਾ ਜਿਲ੍ਹਾ ਕੁਲੈਕਟਰ, ਸਬੰਧਤ ਸਰਪੰਚ ਗ੍ਰਾਮ ਪੰਚਾਇਤ, ਨਗਰ ਕੌਸਲ, ਜਨ ਸਿਹਤ ਵਿਭਾਗ, ਭੂਮੀ ਰੱਖਿਆ ਵਿਭਾਗ ਨੂੰ, 15 ਦਿਨ ਪਹਿਲਾ ਸੂਚਿਤ ਕਰੇਗਾ।  ਇਹ ਹੁਕਮ 16 ਅਗਸਤ ਤੱਕ ਲਾਗੂ ਰਹੇਗਾ।